28 Oct FGS 5,6,7,8.qxd 10/29/2025 12:12 AM Page 1

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਿਆਂ ਦੇ ਖ਼ਾਤਮੇ ਲਈ ਪੇਂਡੂ ਡਿਫੈਂਸ ਕਮੇਟੀਆਂ ਦੀ ਕਾਰਜਪ੍ਰਣਾਲੀ ਨੂੰ ਕੀਤਾ ਜਾ ਰਿਹੈ ਹੋਰ ਮਜ਼ਬੂਤ

*** ਜਲਦੀ ਹੀ ਜਾਰੀ ਹੋਵੇਗੀ ਮੋਬਾਈਲ ਐਪ, ਨਸ਼ਾ ਤਸਕਰਾਂ ਬਾਰੇ ਗੁਪਤ ਸੂਚਨਾਵਾਂ ਸਿੱਧੇ ਤੌਰ 'ਤੇ ਕੀਤੀਆਂ ਜਾਣਗੀਆਂ ਪੁਲਿਸ ਨਾਲ ਸਾਂਝੀਆਂ * ਬ੍ਰਾਹਮਣ ਮਾਜਰਾ ਨਸ਼ਾ ਮੁਕਤੀ ਕੇਂਦਰ ਨੂੰ ਮਾਡਲ ਕੇਂਦਰ ਵਜੋਂ ਵਿਕਸਤ ਕਰਨ ਲਈ ਉਪਰਾਲੇ ਜਾਰੀ * ਨਸ਼ਾ ਮੁਕਤੀ ਮੋਰਚਾ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਦੌਰਾਨ ਮਹੱਤਵਪੂਰਨ ਵਿਚਾਰ-ਵਟਾਂਦਰਾ**

ਫ਼ਤਹਿਗੜ੍ਹ ਸਾਹਿਬ, 28 ਅਕਤੂਬਰ (ਮਨਪ੍ਰੀਤ ਸਿੰਘ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਨਸ਼ਿਆਂ ਦੇ ਖ਼ਾਤਮੇ ਲਈ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਵਿਚ ਪੁਲਿਸ ਤੇ ਪ੍ਰਸ਼ਾਸਨ ਦੇ ਨਾਲ-ਨਾਲ ਪੇਂਡੂ ਡਿਫੈਂਸ ਕਮੇਟੀਆਂ ਪੂਰੀ ਤਨਦੇਹੀ ਨਾਲ ਸਰਗਰਮ ਹਨ ਅਤੇ ਇਸ ਦੇ ਸਾਰਥਿਕ ਨਤੀਜੇ ਸਾਰਿਆਂ ਦੇ ਸਾਹਮਣੇ ਹਨ। ਇਹ ਪ੍ਰਗਟਾਵਾ ਨਸ਼ਾ ਮੁਕਤੀ ਮੋਰਚਾ ਦੇ ਮੁੱਖ ਬੁਲਾਰੇ ਬਲਤੇਜ ਪੰਨੂ ਨੇ ਅੱਜ ਬੱਚਤ ਭਵਨ ਵਿਖੇ ਨਸ਼ਾ ਮੁਕਤੀ ਮੋਰਚਾ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਵਿਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਕੀਤਾ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ, ਐਸ.ਐਸ.ਪੀ. ਸ਼ੁਭਮ ਅਗਰਵਾਲ, ਨਸ਼ਾ ਮੁਕਤੀ ਮੋਰਚਾ ਦੇ ਮਾਲਵਾ ਜ਼ੋਨ ਕੋਆਰਡੀਨੇਟਰ ਸੁਖਜੀਤ ਸਿੰਘ ਢਿੱਲਵਾਂ ਤੇ ਜ਼ਿਲ੍ਹਾ ਕੋਆਰਡੀਨੇਟਰ ਓਂਕਾਰ ਸਿੰਘ ਚੌਹਾਨ ਵੀ ਮੌਜੂਦ ਸਨ। ਮੁੱਖ ਬੁਲਾਰੇ ਬਲਤੇਜ ਪੰਨੂ ਨੇ ਕਿਹਾ ਕਿ ਇਸ ਮੁਹਿੰਮ ਦੇ ਦੂਜੇ ਪੜਾਅ ਵਜੋਂ ਪੇਂਡੂ ਡਿਫੈਂਸ ਕਮੇਟੀਆਂ ਦੇ ਸਰਗਰਮ ਵਲੰਟੀਅਰਾਂ ਨੂੰ ਸ਼ਨਾਖ਼ਤੀ ਕਾਰਡ ਜਾਰੀ ਕਰਨ ਦੇ ਨਾਲ ਨਾਲ ਇਕ ਮੋਬਾਈਲ ਐਪ ਜਾਰੀ ਕੀਤੀ ਜਾ ਰਹੀ ਹੈ, ਜਿਸ ਰਾਹੀਂ ਨਸ਼ਾ ਤਸਕਰਾਂ ਬਾਰੇ ਬੇਝਿਜਕ ਗੁਪਤ ਸੂਚਨਾਵਾਂ ਸਾਂਝੀਆਂ ਕੀਤੇ ਜਾਣ ਨਾਲ ਪਿੰਡਾਂ ਵਿਚੋਂ ਨਸ਼ਿਆਂ ਦਾ ਮੁਕੰਮਲ ਖ਼ਾਤਮਾ ਕੀਤਾ ਜਾ ਸਕੇਗਾ। ਉਨ੍ਹਾਂ ਦੱਸਿਆ ਕਿ ਇਹ ਮੋਬਾਈਲ ਐਪ ਗੁਪਤ ਸੂਚਨਾਵਾਂ ਪੁਲਿਸ ਤੱਕ ਪਹੁੰਚਾਉਣ ਦਾ ਮਾਧਿਅਮ ਹੋਵੇਗੀ ਤੇ ਪੁਲਿਸ ਸੀਮਤ ਸਮੇਂ ਦੇ ਅੰਦਰ-ਅੰਦਰ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਅਮਲ ਵਿਚ ਲਿਆਵੇਗੀ। ਉਨ੍ਹਾਂ ਜ਼ਿਲ੍ਹਾ ਪੁਲਿਸ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੁਲਿਸ ਨੇ ਨਸ਼ਿਆਂ ਵਜੋਂ ਹੈਂਟ ਸਪੋਟ ਮੰਨੇ ਜਾਂਦੇ ਇਲਾਕਿਆਂ ਵਿਚੋਂ ਨਸ਼ਿਆਂ ਦੀ ਦਲਦਲ ਦਾ ਸਫ਼ਾਇਆ ਕਰਨ ਵਿਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਇਸ ਮੌਕੇ ਨਸ਼ਾ ਮੁਕਤੀ ਮੋਰਚਾ ਦੇ ਮਾਲਵਾ ਜ਼ੋਨਲ ਕੋਆਰਡੀਨੇਟਰ ਸੁਖਜੀਤ ਸਿੰਘ ਢਿੱਲਵਾਂ ਨੇ ਕਿਹਾ ਕਿ ਨਸ਼ਾ ਤਸਕਰਾਂ ਨੂੰ ਸਲਾਖ਼ਾਂ ਪਿੱਛੇ ਪਹੁੰਚਾਉਣ ਲਈ ਪੁਲਿਸ ਨਾਲ ਪੁਖ਼ਤਾ ਜਾਣਕਾਰੀ ਸਾਂਝਾ ਕਰਨ ਵਿਚ ਕਮੇਟੀ ਮੈਂਬਰਾਂ ਦੀ ਭੂਮਿਕਾ ਸ਼ਲਾਘਾਯੋਗ ਹੈ। ਉਨ੍ਹਾਂ ਦੱਸਿਆ ਕਿ ਜਲਦੀ ਹੀ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿਖੇ ਪੇਂਡੂ ਡਿਫੈਂਸ ਕਮੇਟੀਆਂ ਲਈ ਵਿਸ਼ੇਸ਼ ਸਿਖਲਾਈ ਪ੍ਰੋਗਰਾਮ ਕਰਵਾਇਆ ਜਾਵੇਗਾ ਤਾਂ ਜੋ ਇਸ ਮੁਹਿੰਮ ਦੇ ਹੋਰ ਸਾਰਥਿਕ ਨਤੀਜੇ ਸਾਹਮਣੇ ਆ ਸਕਣ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਨੂੰ ਜ਼ਿਲ੍ਹੇ ਵਿਚ ਸਫ਼ਲਤਾ ਨਾਲ ਲਾਗੂ ਕੀਤਾ ਜਾ ਰਿਹਾ ਹੈ ਅਤੇ ਨਸ਼ਾ ਮੁਕਤੀ ਕੇਂਦਰ ਬ੍ਰਾਹਮਣ ਮਾਜਰਾ ਨੂੰ ਮਾਡਲ ਕੇਂਦਰ ਵਜੋਂ ਸਥਾਪਿਤ ਕਰਨ ਲਈ ਅਹਿਮ ਉਪਰਾਲੇ ਪ੍ਰਗਤੀ ਅਧੀਨ ਹਨ। ਇਸ ਮੌਕੇ ਐਸ.ਐਸ.ਪੀ. ਸ਼ੁਭਮ ਅਗਰਵਾਲ ਨੇ ਦੱਸਿਆ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਹੁਣ ਤੱਕ ਜਿੱਥੇ 1000 ਤੋਂ ਵੀ ਵੱਧ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਸਲਾਖ਼ਾਂ ਪਿੱਛੇ ਪਹੁੰਚਾਇਆ ਗਿਆ ਹੈ, ਉੱਥੇ ਹੀ 210 ਦੇ ਕਰੀਬ ਪੁਲਿਸ ਕੇਸ ਦਰਜ ਕੀਤੇ ਗਏ ਹਨ ਅਤੇ ਨਸ਼ਿਆਂ ਦੇ ਕਾਲੇ ਕਾਰੋਬਾਰ ਦੀ ਕਮਾਈ ਨਾਲ ਉਸਾਰੀਆਂ ਕਈ ਗੈਰ ਕਾਨੂੰਨੀ ਇਮਾਰਤਾਂ ਨੂੰ ਢਾਹਿਆ ਗਿਆ ਹੈ। ਇਸ ਮੌਕੇ ਨਸ਼ਾ ਮੁਕਤੀ ਮੋਰਚਾ ਦੇ ਜ਼ਿਲ੍ਹਾ ਕੋਆਰਡੀਨੇਟਰ ਓਂਕਾਰ ਸਿੰਘ ਚੌਹਾਨ, ਏ.ਡੀ.ਸੀ. ਸੁਰਿੰਦਰ ਸਿੰਘ ਧਾਲੀਵਾਲ, ਐਸ.ਪੀ. ਰਾਕੇਸ਼ ਯਾਦਵ, ਸਮੂਹ ਉਪ ਮੰਡਲ ਮੈਜਿਸਟਰੇਟ, ਸਮੂਹ ਐਸ.ਪੀ. ਤੇ ਡੀ.ਐਸ.ਪੀਜ਼ ਤੇ ਨਸ਼ਾ ਮੁਕਤੀ ਮੋਰਚਾ ਦੇ ਅਹੁਦੇਦਾਰ ਹਾਜ਼ਰ ਸਨ।

ਨਸ਼ਿਆਂ ਵਿਰੁੱਧ ਡਿਫੈਂਸ ਕਮੇਟੀਆਂ ਦੀ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਮੁੱਖ ਬੁਲਾਰੇ ਬਲਤੇਜ ਪੰਨੂ, ਜ਼ੋਨਲ ਕੋਆਰਡੀਨੇਟਰ ਸੁਖਜੀਤ ਸਿੰਘ ਢਿੱਲਵਾਂ, ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ, ਐਸ.ਐਸ.ਪੀ. ਸ਼ੁਭਮ ਅਗਰਵਾਲ ਤੇ ਹੋਰ ਅਧਿਕਾਰੀ। ਅਜੀਤ ਤਸਵੀਰ

ਰਗਬੀ ਖਿਡਾਰਨ ਅਮਨਦੀਪ ਕੌਰ ਦਾ ਵਿਸ਼ਵ ਯੂਨੀਵਰਸਿਟੀ ਦੇ ਉਪ ਕੁਲਪਤੀ ਪ੍ਰੋ. ਪਰਿਤਪਾਲ ਸਿੰਘ, ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਅਤੇ ਵਿਭਾਗ ਮੁਖੀ ਸਨਮਾਨ ਕਰਦੇ ਹੋਏ। ਅਜੀਤ ਤਸਵੀਰ

ਵਿਸ਼ਵ ਯੂਨੀਵਰਸਿਟੀ ਦੀ ਰਗਬੀ ਖਿਡਾਰਨ ਅਮਨਦੀਪ ਕੌਰ ਦਾ ਵਿਸ਼ੇਸ਼ ਸਨਮਾਨ

ਫ਼ਤਹਿਗੜ੍ਹ ਸਾਹਿਬ, 28 ਅਕਤੂਬਰ (ਬਲਜਿੰਦਰ ਸਿੰਘ)-ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਫ਼ਤਹਿਗੜ੍ਹ ਸਾਹਿਬ ਦੇ ਸਰੀਰਕ ਸਿੱਖਿਆ ਵਿਭਾਗ ਵਲੋਂ ਐਮ.ਪੀ.ਐਡ. (ਦੋ ਸਾਲਾ ਪ੍ਰੋਗਰਾਮ) ਦੀ ਵਿਦਿਆਰਥਣ ਅਤੇ ਰਗਬੀ ਖਿਡਾਰਨ ਅਮਨਦੀਪ ਕੌਰ ਦਾ ਅੱਜ ਯੂਨੀਵਰਸਿਟੀ ਪਹੁੰਚਣ 'ਤੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਅਧੀਨ ਪੈਂਦੇ ਪਿੰਡ ਧੀਰਪੁਰ ਦੀ ਰਹਿਣ ਵਾਲੀ ਅਮਨਦੀਪ ਕੌਰ ਨੇ ਭਾਰਤ ਦੀ ਰਗਬੀ ਟੀਮ ਵਿਚ ਚੀਨ ਅਤੇ ਸ੍ਰੀ ਲੰਕਾ ਵਿਚ ਹੋਏ ਏਸ਼ੀਅਨ 7 ਸੀਰੀਜ਼ ਮੁਕਾਬਲਿਆਂ 'ਚ ਆਪਣੇ ਪ੍ਰਭਾਵਸ਼ਾਲੀ ਪ੍ਰਦਰਸ਼ਨ ਨਾਲ ਯੂਨੀਵਰਸਿਟੀ ਅਤੇ ਪੰਜਾਬ ਦਾ ਨਾਮ ਰੌਸ਼ਨ ਕੀਤਾ ਹੈ। ਆਪਣੇ ਕੋਚ ਸੰਦੀਪ ਕੁਮਾਰ ਦੀ ਰਹਿਨੁਮਾਈ ਹੇਠ ਉਸ ਨੇ ਖੇਡ ਵਿਚ ਵਿਲੱਖਣ ਦ੍ਰਿੜ੍ਹਤਾ, ਅਨੁਸ਼ਾਸਨ ਅਤੇ ਟੀਮ ਸਪਿਰਿਟ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਉਪਲੱਬਧੀ ਲਈ ਯੂਨੀਵਰਸਿਟੀ ਦੇ ਉਪ ਕੁਲਪਤੀ ਪ੍ਰੋਫੈਸਰ ਪਰਿਤਪਾਲ ਸਿੰਘ ਨੇ ਸਮਾਗਮ ਦੌਰਾਨ ਅਮਨਦੀਪ ਕੌਰ ਦਾ ਵਿਸ਼ੇਸ਼ ਸਨਮਾਨ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਧੀਆਂ ਖੇਡਾਂ ਦੇ ਖੇਤਰ ਵਿਚ ਦੇਸ਼ ਦਾ ਨਾਮ ਰੌਸ਼ਨ ਕਰ ਰਹੀਆਂ ਹਨ ਅਤੇ ਅਮਨਦੀਪ ਵਰਗੀਆਂ ਖਿਡਾਰਨਾਂ ਹੋਰਨਾਂ ਧੀਆਂ ਲਈ ਪ੍ਰੇਰਨਾ ਦਾ ਸਰੋਤ ਹਨ। ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਡੀਨ ਅਕਾਦਮਿਕ ਮਾਮਲੇ ਨੇ ਕਿਹਾ ਕਿ ਅਮਨਦੀਪ ਕੌਰ ਦੀ ਸਫਲਤਾ ਯੂਨੀਵਰਸਿਟੀ ਲਈ ਮਾਣ ਵਾਲੀ ਗੱਲ ਹੈ। ਇਸ ਮੌਕੇ ਡਾ. ਭੁਪਿੰਦਰ ਸਿੰਘ ਘੁੰਮਣ ਮੁਖੀ ਸਰੀਰਕ ਸਿੱਖਿਆ ਵਿਭਾਗ ਨੇ ਕਿਹਾ ਕਿ ਯੂਨੀਵਰਸਿਟੀ ਵਿਦਿਆਰਥੀਆਂ ਨੂੰ ਖੇਡਾਂ ਵਿਚ ਉੱਚ ਪੱਧਰੀ ਪ੍ਰਦਰਸ਼ਨ ਲਈ ਹਰ ਤਰ੍ਹਾਂ ਦੀ ਸਹੂਲਤ ਅਤੇ ਮੌਕਾ ਪ੍ਰਦਾਨ ਕਰਦੀ ਹੈ। ਇਸ ਮੌਕੇ ਅਮਨਦੀਪ ਕੌਰ ਨੇ ਆਪਣੇ ਮਾਪਿਆਂ, ਕੋਚ ਅਤੇ ਯੂਨੀਵਰਸਿਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਾਰਤ ਦੀ ਨੁਮਾਇੰਦਗੀ ਕਰਨਾ ਉਸ ਦੇ ਜੀਵਨ ਦਾ ਸਭ ਤੋਂ ਮਾਣ ਵਾਲਾ ਪਲ਼ ਸੀ ਅਤੇ ਉਹ ਭਵਿੱਖ ਵਿਚ ਹੋਰ ਵਧੀਆ ਪ੍ਰਦਰਸ਼ਨ ਲਈ ਸਦਾ ਯਤਨਸ਼ੀਲ ਰਹੇਗੀ। ਅਮਨਦੀਪ ਕੌਰ ਦੀ ਇਹ ਪ੍ਰਾਪਤੀ ਸਿਰਫ਼ ਉਸ ਦੀ ਵਿਅਕਤੀਗਤ ਸਫਲਤਾ ਨਹੀਂ, ਸਗੋਂ ਪੰਜਾਬ ਅਤੇ ਯੂਨੀਵਰਸਿਟੀ ਲਈ ਮਾਣ ਦਾ ਵਿਸ਼ਾ ਹੈ। ਉਸ ਦੀ ਦ੍ਰਿੜ੍ਹਤਾ, ਮਿਹਨਤ ਅਤੇ ਸਮਰਪਣ ਹੋਰ ਵਿਦਿਆਰਥੀਆਂ ਲਈ ਪ੍ਰੇਰਨਾਦਾਇਕ ਉਦਾਹਰਨ ਹਨ।

ਰਗਬੀ ਖਿਡਾਰਨ ਅਮਨਦੀਪ ਕੌਰ ਦਾ ਯੂਨੀਵਰਸਿਟੀ ਪਹੁੰਚਣ 'ਤੇ ਹੋਇਆ ਸ਼ਾਨਦਾਰ ਸਵਾਗਤ

ਬਿਨਾਂ ਨੰਬਰ ਪਲੇਟਾਂ ਵਾਲੇ ਵਾਹਨਾਂ ਤੇ ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ- ਦਿਓਲ

ਜਾਣਕਾਰੀ ਦਿੰਦੇ ਹੋਏ ਥਾਣਾ ਮੰਡੀ ਗੋਬਿੰਦਗੜ੍ਹ ਦੇ ਐਸ. ਐਚ. ਓ. ਇੰਸਪੈਕਟਰ ਮਨਪ੍ਰੀਤ ਸਿੰਘ ਦਿਓਲ ਅਤੇ ਬਿਨਾਂ ਨੰਬਰ ਪਲੇਟ ਅਤੇ ਅਧੂਰੇ ਕਾਗ਼ਜ਼ਾਂ ਤੋਂ ਕਾਬੂ ਕੀਤੇ ਮੋਟਰਸਾਈਕਲਾਂ ਨਾਲ ਪੁਲਿਸ ਮੁਲਾਜ਼ਮ। ਅਜੀਤ ਤਸਵੀਰ

ਮੰਡੀ ਗੋਬਿੰਦਗੜ੍ਹ, 28 ਅਕਤੂਬਰ (ਰਾਜੇਸ਼ ਸ਼ਰਮਾ)-ਸ਼ਹਿਰ ਦੇ ਚੌਰਾਹਿਆਂ ਅਤੇ ਗਲੀਆਂ ਵਿਚ ਬਿਨਾਂ ਨੰਬਰ ਪਲੇਟਾਂ ਵਾਲੇ ਵਾਹਨ ਚਲਾਉਣ ਵਾਲੇ ਨੌਜਵਾਨਾਂ ਨੂੰ ਹੁਣ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਇਨ੍ਹਾਂ ਨੌਜਵਾਨਾਂ 'ਤੇ ਪੁਲਿਸ ਨਜ਼ਰ ਰੱਖ ਰਹੀ ਹੈ, ਜਿਨ੍ਹਾਂ ਨੂੰ ਸਖ਼ਤੀ ਨਾਲ ਨਜਿੱਠਿਆ ਜਾਵੇਗਾ। ਥਾਣਾ ਮੰਡੀ ਗੋਬਿੰਦਗੜ੍ਹ ਦੇ ਐਸ.ਐਚ.ਓ. ਇੰਸਪੈਕਟਰ ਮਨਪ੍ਰੀਤ ਸਿੰਘ ਦਿਓਲ ਨੇ ਦੱਸਿਆ ਕਿ ਅੱਜ ਥਾਣਾ ਮੰਡੀ ਗੋਬਿੰਦਗੜ੍ਹ ਵਲੋਂ ਪੰਜ ਦੇ ਕਰੀਬ ਅਜਿਹੇ ਵਾਹਨ ਜ਼ਬਤ ਕੀਤੇ ਗਏ ਹਨ, ਜਿਨ੍ਹਾਂ 'ਤੇ ਨੰਬਰ ਪਲੇਟਾਂ ਨਹੀਂ ਸਨ ਅਤੇ ਨਾ ਦਸਤਾਵੇਜ਼ ਪੂਰੇ ਸਨ। ਉਨ੍ਹਾਂ ਚੇਤਾਵਨੀ ਦਿੱਤੀ ਕਿ ਕਿਸੇ ਨੂੰ ਵੀ ਸ਼ਹਿਰ ਦਾ ਮਾਹੌਲ ਖ਼ਰਾਬ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਪੁਲਿਸ ਸ਼ਹਿਰ ਦੇ ਹਰ ਚੌਕ ਚੌਰਾਹੇ 'ਤੇ ਆਪਣੀ ਡਿਊਟੀ ਤਨਦੇਹੀ ਨਾਲ ਨਿਭਾ ਰਹੀ ਹੈ। ਜੇਕਰ ਕੋਈ ਵੀ ਮਨਚਲਾ ਨੌਜਵਾਨ ਬਿਨਾਂ ਨੰਬਰ ਪਲੇਟ ਦੇ ਕਿਸੇ ਵੀ ਖੇਤਰ ਵਿਚ ਹੁੱਲੜਬਾਜ਼ੀ ਕਰ ਰਿਹਾ ਹੈ ਤਾਂ ਇਸ ਦੀ ਤੁਰੰਤ ਪੁਲਿਸ ਨੂੰ ਰਿਪੋਰਟ ਕਰੋ ਜਿਸ 'ਤੇ ਤੁਰੰਤ ਕਾਰਵਾਈ ਕੀਤੀ ਜਾਵੇਗੀ ਜਿਸ ਤਹਿਤ ਸਕੂਲ ਨਜ਼ਦੀਕ ਮਨਚਲਿਆਂ ਨੂੰ ਰੋਕਣ ਲਈ ਨਾਕੇ ਲਗਾਏ ਜਾ ਰਹੇ ਹਨ। ਸ਼ਹਿਰ ਵਾਸੀਆਂ ਤੋਂ ਲਗਾਤਾਰ ਮਿਲ ਰਹੀਆਂ ਸ਼ਿਕਾਇਤਾਂ ਦਾ ਸਖ਼ਤ ਨੋਟਿਸ ਲੈਂਦੇ ਹੋਏ, ਅਜਿਹੇ ਲੋਕਾਂ ਵਿਰੁੱਧ ਕਾਰਵਾਈ ਜਾਰੀ ਰਹੇਗੀ।

ਹਾਅ ਦਾ ਨਾਅਰਾ ਚੇਤਨਾ ਮੰਚ ਨੇ 1984 ਦਿੱਲੀ ਦੰਗਿਆਂ ਦੌਰਾਨ ਮਾਰੇ ਗਏ ਨਿਰਦੋਸ਼ ਸਿੱਖਾਂ ਦੀ ਯਾਦ 'ਚ ਅਰਦਾਸ ਸਮਾਗਮ ਕਰਵਾਇਆ

*** ਮਾਰੇ ਗਏ ਨਿਰਦੋਸ਼ ਸਿੱਖਾਂ ਨੂੰ ਸ਼ਰਧਾਂਜਲੀ ਭੇਟ * ਹਰਿਆਣਾ ਸਰਕਾਰ ਦੀ ਤਰਜ਼ 'ਤੇ ਪੰਜਾਬ ਸਰਕਾਰ ਦਿੱਲੀ ਸਿੱਖ ਦੰਗਾ ਪੀੜਤ ਪਰਿਵਾਰਾਂ ਨੂੰ ਸਰਕਾਰੀ ਨੌਕਰੀਆਂ ਤੇ ਹੋਰ ਸਹੂਲਤਾਂ ਪ੍ਰਦਾਨ ਕਰ ਕੇ ਉਨ੍ਹਾਂ ਦੇ ਜ਼ਖ਼ਮਾਂ 'ਤੇ ਮਲ੍ਹਮ ਲਗਾਵੇ-ਡਾ. ਹਰਬੰਸ ਲਾਲ**

ਫ਼ਤਹਿਗੜ੍ਹ ਸਾਹਿਬ, 28 ਅਕਤੂਬਰ (ਬਲਜਿੰਦਰ ਸਿੰਘ)-ਹਾਅ ਦਾ ਨਾਅਰਾ ਚੇਤਨਾ ਮੰਚ ਪੰਜਾਬ ਵਲੋਂ ਅੱਜ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ 1984 ਦੌਰਾਨ ਦਿੱਲੀ ਦੰਗਿਆਂ ਦੌਰਾਨ ਮਾਰੇ ਗਏ ਨਿਰਦੋਸ਼ ਸਿੱਖਾਂ ਦੀ ਯਾਦ ਵਿਚ ਅਰਦਾਸ ਸਮਾਗਮ ਕਰਵਾਇਆ ਗਿਆ। ਜਿਸ ਦੌਰਾਨ ਇਨ੍ਹਾਂ ਦੰਗਿਆਂ ਦੌਰਾਨ ਮਾਰੇ ਗਏ ਨਿਰਦੋਸ਼ ਸਿੱਖਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਚੇਤਨਾ ਮੰਚ ਦੇ ਸਰਪ੍ਰਸਤ, ਭਾਜਪਾ ਆਗੂ ਤੇ ਸਾਬਕਾ ਮੰਤਰੀ ਡਾ. ਹਰਬੰਸ ਲਾਲ ਨੇ ਕਿਹਾ ਕਿ ਭਾਵੇਂ ਦਿੱਲੀ ਸਿੱਖ ਦੰਗਿਆਂ ਨੂੰ ਵਾਪਰੇ 41 ਸਾਲ ਬੀਤ ਚੁੱਕੇ ਹਨ ਪਰ ਪੀੜਤਾਂ ਨੂੰ ਅਜੇ ਤੱਕ ਇਨਸਾਫ਼ ਨਹੀਂ ਮਿਲਿਆ। ਜਿਸ ਕਰਕੇ ਪੀੜਤ ਸਿੱਖ ਪਰਿਵਾਰਾਂ ਦੇ ਜ਼ਖ਼ਮਾਂ 'ਤੇ ਮਲ੍ਹਮ ਲਗਾਉਣ ਲਈ ਮਾਨਯੋਗ ਸੁਪਰੀਮ ਕੋਰਟ ਤੇ ਹੋਰਨਾਂ ਅਦਾਲਤਾਂ ਵਿਚ ਲਟਕਦੇ ਮਸਲਿਆਂ ਨੂੰ ਜਲਦ ਨਿਪਟਾ ਕੇ ਦੋਸ਼ੀਆਂ ਨੂੰ ਸਖ਼ਤ ਸਜਾਵਾਂ ਦੇ ਕੇ ਸਿੱਖ ਕੌਮ ਨੂੰ ਇਨਸਾਫ਼ ਦਿੱਤਾ ਜਾਵੇ। ਉਨ੍ਹਾਂ ਮੰਗ ਕੀਤੀ ਕਿ ਜਿਸ ਤਰ੍ਹਾਂ ਹਰਿਆਣਾ ਦੀ ਭਾਜਪਾ ਸਰਕਾਰ ਨੇ ਦਿੱਲੀ ਸਿੱਖ ਦੰਗਾ ਪੀੜਤ ਪਰਿਵਾਰਾਂ ਨੂੰ ਸਰਕਾਰੀ ਨੌਕਰੀਆਂ ਤੇ ਹੋਰ ਸਹੂਲਤਾਂ ਪ੍ਰਦਾਨ ਕਰਕੇ ਉਨ੍ਹਾਂ ਦੇ ਜ਼ਖ਼ਮਾਂ 'ਤੇ ਮਲ੍ਹਮ ਲਗਾਉਣ ਦਾ ਕੰਮ ਕੀਤਾ ਹੈ। ਉਸੇ ਤਰਜ਼ 'ਤੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਪੰਜਾਬ ਵਿਚ ਵੱਸਦੇ ਦੰਗਾ ਪੀੜਤ ਪਰਿਵਾਰਾਂ ਨੂੰ ਸਰਕਾਰੀ ਨੌਕਰੀਆਂ ਤੇ ਹੋਰ ਸਹੂਲਤਾਂ ਪ੍ਰਦਾਨ ਕਰੇ। ਉਨ੍ਹਾਂ ਕਿਹਾ ਕਿ 1984 ਦੌਰਾਨ ਦਿੱਲੀ ਵਿਚ ਨਿਰਦੋਸ਼ ਸਿੱਖਾਂ ਦੇ ਹੋਏ ਕਤਲੇਆਮ ਮੌਕੇ ਕੇਂਦਰ ਦੀ ਸੱਤਾ 'ਤੇ ਕਾਂਗਰਸ ਪਾਰਟੀ ਕਾਬਜ਼ ਸੀ, ਪਰ ਅੱਜ ਤੱਕ ਕਾਂਗਰਸ ਪਾਰਟੀ ਨਾਲ ਜੁੜੇ ਪੰਜਾਬ ਨਾਲ ਸੰਬੰਧਿਤ ਕਿਸੇ ਵੀ ਆਗੂ ਨੇ ਇਸ ਘਿਨੌਣੇ ਕਾਰੇ ਦੇ ਵਿਰੋਧ 'ਚ ਆਪਣੀ ਆਵਾਜ਼ ਨਹੀਂ ਉਠਾਈ ਅਤੇ ਨਾ ਹੀ ਦਿੱਲੀ ਸਿੱਖ ਦੰਗਾ ਪੀੜਤਾਂ ਨੂੰ ਇਨਸਾਫ਼ ਦਿਵਾਉਣ ਦਾ ਕੋਈ ਯਤਨ ਕੀਤਾ ਹੈ। ਇਸ ਮੌਕੇ ਸਮੁੱਚੇ ਰੂਪ ਵਿਚ ਦਿੱਲੀ ਦੰਗਿਆਂ ਦੌਰਾਨ ਮਾਰੇ ਗਏ ਨਿਰਦੋਸ਼ ਸਿੱਖਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਅਰਦਾਸ ਸਮਾਗਮ ਵਿਚ ਸਾਬਕਾ ਮੰਤਰੀ ਡਾ. ਹਰਬੰਸ ਲਾਲ ਤੋਂ ਇਲਾਵਾ ਮਨਮੋਹਨ ਸਿੰਘ ਸਿੱਬਲ, ਸਰਦਾਰਾ ਸਿੰਘ ਰਾਮਦਾਸ ਨਗਰ, ਦਲੇਰ ਸਿੰਘ ਖ਼ਾਲਸਾ, ਜੈ ਸਿੰਘ ਬਾੜਾ